ਪੰਜਾਬ ਸਕੂਲ ਸਿੱਖਿਆ ਬੋਰਡ

ਸਰਕੂਲਰ (Circular)

ਡਿਸਪੈਚ ਨੰ....541/AP

ਮਿਤੀ.......22/12/2022

1. ਸਮੂਹ ਸਰਕਾਰੀ/ਅਰਧ ਸਰਕਾਰੀ/ ਏਡਿਡ /ਐਫੀਲਿਏਟਿਡ/ਐਸੋਸੀਏਟਿਡ ਮਾਨਤਾ ਪ੍ਰਾਪਤ ਸਕੂਲ ਮੁੱਖੀ ਅਤੇ ਸਬੰਧਤ ਵਿਦਿਆਰਥੀ।

2. ਜਿਲ੍ਹਾਂ ਮੈਨੇਜਰ,ਖੇਤਰੀ ਦਫਤਰ (ਪਸਸਬ)

3. ਜਿਲ੍ਹਾਂ ਸਿੱਖਿਆ ਅਫਸਰ

ਵਿਸ਼ਾ- ਅਕਾਦਮਿਕ ਸਾਲ 2022-23 ਲਈ ਬੋਰਡ ਨਾਲ ਸਰਕਾਰੀ/ਅਰਧ ਸਰਕਾਰੀ/ਏਡਿਡ /ਐਫੀਲਿਏਟਿਡ/ਐਸੋਸੀਏਟਿਡ ਸਕੂਲਾਂ ਵੱਲੋਂ ਸਕੂਲ ਪੱਧਰ ਤੇ ਲਏ ਜਾਂਦੇ ਪੰਜਵੀਂ,ਅੱਠਵੀਂ,ਦਸਵੀਂ ਅਤੇ ਬਾਰ੍ਹਵੀ ਸ੍ਰੇਣੀ ਦੇ Bimonthly Class Tests ਅਤੇ ਟਰਮ ਪ੍ਰੀਖਿਆ,ਪ੍ਰੀ ਬੋਰਡ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਨੂੰ ਬੋਰਡ ਪ੍ਰੀਖਿਆਵਾਂ ਵਿੱਚ ਅਹਿਮੀਅਤ ਦੇਣ ਸਬੰਧੀ ਜਾਣਕਾਰੀ:-

1) i) ਹਰੇਕ ਸਕੂਲ ਵੱਲੋਂ ਪੂਰੇ ਅਕਾਦਮਿਕ ਸੈਸ਼ਨ ਦੌਰਾਨ ਘੱਟੋ-ਘੱਟ ਤਿੰਨ Bimonthly Class Tests( ਆਨ-ਲਾਈਨ/ਆਫ ਲਾਈਨ) ਲਏ ਜਾਣਗੇ।

ii) ਪੰਜਵੀਂ,ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ੍ਰੇਣੀ ਲਈ ਪ੍ਰੀ ਬੋਰਡ ਪ੍ਰੀਖਿਆਵਾਂ ਸਕੂਲਾਂ ਵੱਲੋਂ ਅਕਾਦਮਿਕ ਸਾਲ 2022-23 ਦੌਰਾਨ 01 ਫਰਵਰੀ 2023 ਤੱਕ ਆਪਣੀ ਸੁਵਿਧਾ ਅਨੁਸਾਰ ਸੰਚਾਲਿਤ ਕੀਤੀਆ ਜਾਣ ਅਤੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਵਿਦਿਆਰਥੀ ਵੱਲੋਂ ਵਿਸ਼ਾਵਾਰ ਪ੍ਰਾਪਤ ਅੰਕਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਸਕੂਲਾਂ ਵੱਲੋਂ ਅਪਲੋਡ ਕੀਤਾ ਜਾਵੇਗਾ।

iii) Bimonthly Class Tests ਅਤੇ ਪ੍ਰੀ ਬੋਰਡ ਪ੍ਰੀਖਿਆ ਦੇ ਨਾਲ-ਨਾਲ ਸਤੰਬਰ ਮਹੀਨੇ ਵਿੱਚ ਇੱਕ ਟਰਮ ਪ੍ਰੀਖਿਆ ਵੀ ਸਕੂਲਾਂ ਵੱਲੋਂ ਲਈ ਜਾਵੇਗੀ।

2.ਉਪਰੋਕਤ ਲੜੀ ਨੰ i) ਤੋਂ iii) ਅਨੁਸਾਰ ਲਏ ਗਏ ਫੈਸਲੇ ਦੀ ਲੋਅ ਵਿੱਚ Bimonthly Tests, ਟਰਮ ਪ੍ਰੀਖਿਆ ਅਤੇ ਪ੍ਰੀ ਬੋਰਡ ਪ੍ਰੀਖਿਆ ਲੈਣ ਦਾ ਸਮਾਂ (ਸ਼ਡਿਊਲ) ਹੇਠ ਦਰਜ ਅਨੁਸਾਰ ਹੈ:-

**Bimonthly Tests**

i) a ) ਟੈਸਟ 1-20 ਮਈ ਤੋਂ 30 ਮਈ ਤੱਕ

b) ਟੈਸਟ 2-20 ਅਗਸਤ ਤੋਂ 30 ਅਗਸਤ ਤੱਕ

c) ਟੈਸਟ 3-20 ਨਵੰਬਰ ਤੋਂ 30 ਨਵੰਬਰ ਤੱਕ

ii) ਟਰਮ ਪ੍ਰੀਖਿਆਵਾਂ -25 ਸਤੰਬਰ ਤੋਂ 10 ਅਕਤੂਬਰ ਤੱਕ

iii) ਪ੍ਰੀ- ਬੋਰਡ ਪ੍ਰੀਖਿਆਵਾਂ 01 ਫਰਵਰੀ ਤੱਕ ਸਕੂਲ ਦੀ ਸੁਵਿਧਾ ਅਨੁਸਾਰ

3.i) ਸਕੂਲਾਂ ਵੱਲੋਂ ,ਅੱਠਵੀਂ,ਦਸਵੀਂ, ਅਤੇ ਬਾਰ੍ਹਵੀਂ ਸ੍ਰੇਣੀ ਦੇ ਤਿੰਨੇਂ Bimonthly Tests ਦੇ ਅੰਕ ਅਤੇ ਟਰਮ ਪ੍ਰੀਖਿਆ ਦੇ ਅੰਕ ਬੋਰਡ ਨੂੰ ਹਰ ਹਾਲਤ ਵਿੱਚ ਹਰੇਕ ਸਾਲ 15 ਜਨਵਰੀ ਤੱਕ ਭੇਜੇ ਜਾਣ।

- ਪੰਜਵੀ ਸ੍ਰੇਣੀ ਲਈ ਸਕੂਲਾਂ ਵੱਲੋਂ ਕੇਵਲ ਟਰਮ ਪ੍ਰੀਖਿਆ ਦੇ ਅੰਕ ਬੋਰਡ ਨੂੰ ਮਿਤੀ 15 ਜਨਵਰੀ ਤੱਕ ਭੇਜੇ ਜਾਣਗੇ।

ii) ਪੰਜਵੀਂ,ਅੱਠਵੀਂ,ਦਸਵੀਂ, ਅਤੇ ਬਾਰ੍ਹਵੀਂ ਸ੍ਰੇਣੀ ਲਈ ਟਰਮ ਪ੍ਰੀਖਿਆ ਦੇ ਅੰਕ ਅਤੇ ਪ੍ਰੀ ਬੋਰਡ ਪ੍ਰੀਖਿਆਵਾਂ ਦੇ

ਵਿਸ਼ਾਵਾਰ ਅੰਕ ਸਕੂਲਾਂ ਵੱਲੋਂ ਹਰੇਕ ਸਾਲ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਅਪਲੋਡ ਕੀਤੇ ਜਾਣ।

4. ਵੱਖ-ਵੱਖ ਵਿਸ਼ਿਆ ਲਈ ਪ੍ਰੀ-ਬੋਰਡ/ਟਰਮ ਪ੍ਰੀਖਿਆਵਾਂ, ਬੋਰਡ ਵੱਲੋਂ ਨਿਰਧਾਰਿਤ ਪ੍ਰਸ਼ਨ ਪੱਤਰਾਂ ਦੀ ਰੂਪ ਰੇਖਾ ਅਤੇ ਅੰਕ ਵੰਡ ਅਨੁਸਾਰ ਹੀ ਲਈਆ ਜਾਣ।

5. ਸਕੂਲਾਂ ਵੱਲੋਂ ਲਏ ਗਏ ਤਿੰਨ Bimonthly Tests, ਟਰਮ ਪ੍ਰੀਖਿਆਵਾਂ ਅਤੇ ਪ੍ਰੀ-ਬੋਰਡ ਦੇ ਵਿਸ਼ਾਵਾਰ ਅੰਕਾਂ ਦਾ ਰਿਕਾਰਡ ਨਤੀਜਾ ਘੋਸ਼ਿਤ ਹੋਣ ਤੋਂ ਬਾਅਦ ਤਿੰਨ ਸਾਲ ਤੱਕ ਰੱਖਣਾ ਜਰੂਰੀ ਹੋਵੇਗਾ। ਇਸ ਰਿਕਾਰਡ ਨੂੰ ਬੋਰਡ ਵੱਲੋਂ ਕਿਸੇ ਸਮੇਂ ਵੀ ਵੈਰੀਫਾਈ ਕੀਤਾ ਜਾ ਸਕਦਾ ਹੈ।

6 i)ਓਪਨ ਸਕੂਲ ਪ੍ਰਣਾਲੀ ਅਧੀਨ ਦਾਖਲ ਹੋਏ ਵਿਦਿਆਰਥੀਆਂ ਲਈ ਪ੍ਰੀ-ਬੋਰਡ ਪ੍ਰੀਖਿਆ ਦੇਣੀ ਲਾਜ਼ਮੀ ਹੋਵੇਗੀ ਜੋ ਕਿ ਅਧਿਐਨ ਕੇਂਦਰ ਵੱਲੋਂ ਦੂਜੇ ਵਿਅਕਤੀਗਤ ਪ੍ਰੋਗਰਾਮ ਦੌਰਾਨ (ਪੀ.ਸੀ.ਪੀ) ਲਈ ਜਾਵੇਗੀ ਅਤੇ ਵਿਦਿਆਰਥੀਆਂ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ।

ii) ਅਧਿਐਨ ਕੇਂਦਰ ਵੱਲੋਂ ਸੰਚਾਲਿਤ ਕੀਤੇ ਜਾਂਦੇ ਦੋ ਪੀ.ਸੀ.ਪੀ ਦੌਰਾਨ ਵਿਦਿਆਰਥੀਆਂ ਦੇ ਦੋ ਮੁਲਾਂਕਣ ਟੈਸਟ ਵੀ ਕੰਨਡਕਟ ਕੀਤੇ ਜਾਣਗੇ ਅਤੇ ਵਿਦਿਆਰਥੀਆਂ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ ।

7. ਸਕੂਲਾਂ ਵੱਲੋਂ ਲਏ ਗਏ Bimonthly Tests, ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਪ੍ਰੀਖਿਆਵਾਂ ਵਿੱਚ ਪ੍ਰਾਪਤ ਅੰਕਾਂ ਨੂੰ ਵਿਦਿਆਰਥੀਆਂ ਦੇ ਬੋਰਡ ਦੀ ਪ੍ਰੀਖਿਆ ਦੇ ਨਤੀਜੇ ਵਿੱਚ ਅਹਿਮਿਅਤ ਦੇਣ ਲਈ ਇਨਾਂ ਅੰਕਾਂ ਨੂੰ ਅਕਾਦਮਿਕ ਸਾਲ 2021-22 ਤੋਂ ਪੰਜਵੀਂ ਅਤੇ ਅੱਠਵੀਂ ਸ਼੍ਰੇਣੀਆਂ ਲਈ ਹਰੇਕ ਵਿਸ਼ੇ ਲਈ ਨਿਰਧਾਰਿਤ ਸੀ.ਸੀ.ਈ ਅਤੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਲਈ ਹਰੇਕ ਵਿਸ਼ੇ ਲਈ ਨਿਰਧਾਰਿਤ ਆਈ.ਐਨ.ਏ ਦੇ ਅੰਕਾਂ ਅਧੀਨ ਸ਼ਾਮਿਲ ਕਰਦੇ ਹੋਏ ਮੁਕੰਮਲ ਸੀ.ਸੀ.ਈ/ਆਈ.ਐਨ.ਏ ਦਾ ਮੌਡਿਊਲ ਖੇਤਰ ਵਿੱਚ ਪ੍ਰੀ-ਬੋਰਡ ਪ੍ਰੀਖਿਆ ਲੈਣ ਲਈ ਸਬੰਧੀ ਜਾਰੀ ਸੁਦਾ ਪੱਤਰ ਦੇ ਨਾਲ ਹੀ ਭੇਜਿਆ ਜਾਵੇਗਾ।

ਨੋਟ :-

ਅਕਾਦਮਿਕ ਸਾਲ 2022-23 ਲਈ ਜੇਕਰ ਇਹ ਟੈਸਟ ਅਤੇ ਟਰਮ ਪ੍ਰੀਖਿਆ ਕਿਸੇ ਸਕੂਲ ਵੱਲੋਂ ਅਜੇ ਤੱਕ ਸੰਚਾਲਿਤ ਨਹੀਂ ਕੀਤੇ ਗਏ ਹਨ ਉਨਾਂ ਸਕੂਲਾਂ ਵੱਲੋਂ ਇਹ ਟੈਸਟ ਅਤੇ ਟਰਮ ਪ੍ਰੀਖਿਆ ਸੰਚਾਲਿਤ ਕਰਨ ਉਪਰੰਤ ਪ੍ਰਾਪਤ ਅੰਕਾਂ ਨੂੰ ਬੋਰਡ ਦੇ ਪੋਰਟਲ ਤੇ ਅਪਲੋਡ ਕੀਤਾ ਜਾਵੇਗਾ।

ਉਪ ਸਕੱਤਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।